Tape/CD: 1315

# ਪੰਨਾ ੪੭੬

ਰਾਗੁ ਆਸਾ ਬਾਣੀ ਭਗਤਾ ਕੀ ॥ ਕਬੀਰ ਜੀਉ ॥ ਇਕਤੁ ਪਤਰਿ ਭਰਿ ਉਰਕਟ ਕੁਰਕਟ ਇਕਤੁ ਪਤਰਿ ਭਰਿ ਪਾਨੀ ॥ ਆਸਿ ਪਾਸਿ ਪੰਚ ਜੋਗੀਆ ਬੈਠੇ ਬੀਚਿ ਨਕਟ ਦੇ ਰਾਨੀ ॥ ੧ ॥ ਨਕਟੀ ਕੋ ਠਨਗਨੁ ਬਾਡਾ ਡੂੰ ॥ ਕਿਨਹਿ ਬਿਬੇਕੀ ਕਾਟੀ ਤੂੰ ॥ ੧ ॥ ਰਹਾਉ ॥ ਸਗਲ ਮਾਹਿ ਨਕਟੀ ਕਾ ਵਾਸਾ ਸਗਲ ਮਾਰਿ ਅਉਹੇਰੀ ॥ ਸਗਲਿਆ ਕੀ ਹਉ ਬਹਿਨ ਭਾਨਜੀ ਜਿਨਹਿ ਬਰੀ ਤਿਸੁ ਚੇਰੀ ॥ ੨ ॥ ਹਮਰੋ ਭਰਤਾ ਬਡੋ ਬਿਬੇਕੀ ਆਪੇ ਸੰਤੁ ਕਹਾਵੈ ॥ ਓਹੁ ਹਮਾਰੈ ਮਾਥੈ ਕਾਇਮੁ ਅਉਰੁ ਹਮਰੈ ਨਿਕਟਿ ਨ ਆਵੈ ॥ ੩ ॥ ਨਾਕਹੁ ਕਾਟੀ ਕਾਨਹੁ ਕਾਟੀ ਕਾਟਿ ਕੂਟਿ ਕੈ ਡਾਰੀ ॥ ਕਹੁ ਕਬੀਰ ਸੰਤਨ ਕੀ ਬੈਰਨਿ ਤੀਨਿ ਲੋਕ ਕੀ ਪਿਆਰੀ ॥ ੪ ॥ ੪ ॥

# ਪੰਨਾ ੮੦੯-੮੧੦

ਬਿਲਾਵਲੁ ਮਹਲਾ ੫ ॥ ਪਿੰਗੁਲ ਪਰਬਤ ਪਾਰਿ ਪਰੇ ਖਲ ਚਤੁਰ ਬਕੀਤਾ ॥ ਅੰਧੁਲੇ ਤ੍ਰਿਭਵਣ ਸੂਝਿਆ ਗੁਰ ਭੇਟਿ ਪੁਨੀਤਾ ॥ ੧ ॥ ਮਹਿਮਾ ਸਾਧੂ ਸੰਗ ਕੀ ਸੁਨਹੁ ਮੇਰੇ ਮੀਤਾ ॥ ਮੈਲੁ ਖੋਈ ਕੋਟਿ ਅਘ ਹਰੇ ਨਿਰਮਲ ਭਏ ਚੀਤਾ ॥ ੧ ॥ ਰਹਾਉ ॥ ਐਸੀ ਭਗਤਿ ਗੋਵਿੰਦ ਕੀ ਕੀਟਿ ਹਸਤੀ ਜੀਤਾ ॥ ਜੋ ਜੋ ਕੀਨੋ ਆਪਨੋ ਤਿਸੁ ਅਭੈ ਦਾਨੁ ਦੀਤਾ ॥ ੨ ॥ ਸਿੰਘੁ ਬਿਲਾਈ ਹੋਇ ਗਇਓ ਤ੍ਰਿਣੁ ਮੇਰੁ ਦਿਖੀਤਾ ॥ ਸ੍ਰਮੁ ਕਰਤੇ ਦਮ ਆਢ ਕਉ ਤੇ ਗਨੀ ਧਨੀਤਾ ॥ ੩ ॥ ਕਵਨ ਵਡਾਈ ਕਹਿ ਸਕਉ ਬੇਅੰਤ ਗੁਨੀਤਾ ॥ ਕਰਿ ਕਿਰਪਾ ਮੋਹਿ ਨਾਮੁ ਦੇਹੁ ਨਾਨਕ ਦਰ ਸਰੀਤਾ ॥ ੪ ॥ ੭ ॥ ੩੭ ॥